# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 11-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਆਪਣੇ ਨਿਵਾਸ ਸਥਾਨ 'ਤੇ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਰੱਖਿਆ ਮੰਤਰੀ ਰਾਜਨਾਥ ਸਿੰਘ, ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਅਨਿਲ ਚੌਹਾਨ, ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ, ਜਲ ਸੈਨਾ ਮੁਖੀ ਐਡਮਿਰਲ, ਦਿਨੇਸ਼ ਕੇ ਤ੍ਰਿਪਾਠੀ, ਹਵਾਈ ਸੈਨਾ ਮੁਖੀ, ਏਅਰ ਚੀਫ਼ ਮਾਰਸ਼ਲ ਅਮਰ-ਪ੍ਰੀਤ ਸਿੰਘ ਮੌਜੂਦ ਸਨ। ਇਹ ਮੀਟਿੰਗ ਕੱਲ੍ਹ ਦੋਵਾਂ ਦੇਸ਼ਾਂ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪ੍ਰੇਸ਼ਨਜ਼ DGMOs ਵੱਲੋਂ ਇੱਕ ਦੂਜੇ ਨਾਲ ਗੱਲਬਾਤ ਕਰਨ ਤੋਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਹੋਈ ਜੰਗਬੰਦੀ ਦੇ ਮੱਦੇਨਜ਼ਰ ਹੋਈ ਏ। ਦੋਵਾਂ ਦੇਸ਼ਾਂ ਦੇ DGMOs ਕੱਲ੍ਹ ਦੁਬਾਰਾ ਗੱਲਬਾਤ ਕਰਨਗੇ।

-------------------------------------------------------------------

ਉਧਰ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਏ ਕਿ ਪਾਕਿਸਤਾਨ ਨਾਲ ਹੋਈ ਸਹਿਮਤੀ ਦੀ ਵਾਰ-ਵਾਰ ਉਲੰਘਣਾ ਨੂੰ, ਭਾਰਤ ਗੰਭੀਰਤਾ ਨਾਲ ਲੈ ਰਿਹਾ ਏ। ਕੱਲ੍ਹ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲ ਕਰਦਿਆਂ, ਵਿਦੇਸ਼ ਸਕੱਤਰ ਨੇ ਕਿਹਾ ਕਿ ਹਥਿਆਰਬੰਦ ਬਲ, ਜੰਗਬੰਦੀ ਦੀ ਉਲੰਘਣਾ ਦਾ ਢੁਕਵਾਂ ਜਵਾਬ ਦੇ ਰਹੇ ਨੇ। ਭਾਰਤ ਨੇ, ਪਾਕਿਸਤਾਨ ਨੂੰ ਜੰਗਬੰਦੀ ਦੀ ਉਲੰਘਣਾ ਨੂੰ ਰੋਕਣ ਲਈ, ਢੁਕਵੇਂ ਕਦਮ ਚੁੱਕਣ ਅਤੇ ਸਥਿਤੀ ਨਾਲ ਗੰਭੀਰਤਾ ਅਤੇ ਜ਼ਿੰਮੇਵਾਰੀ ਨਾਲ ਨਜਿੱਠਣ ਦੀ ਅਪੀਲ ਕੀਤੀ ਏ। ਵਿਕਰਮ ਮਿਸਰੀ ਨੇ ਕਿਹਾ ਕਿ ਹਥਿਆਰਬੰਦ ਬਲਾਂ ਨੂੰ ਅੰਤਰ-ਰਾਸ਼ਟਰੀ ਸਰਹੱਦ ਅਤੇ ਕੰਟਰੋਲ ਰੇਖਾ 'ਤੇ ਪੂਰੀ ਚੌਕਸੀ ਰੱਖਣ ਅਤੇ ਜੰਗਬੰਦੀ ਦੀ ਉਲੰਘਣਾ ਦੀ, ਕਿਸੇ ਵੀ ਘਟਨਾ ਨਾਲ ਸਖ਼ਤੀ ਨਾਲ ਨਜਿੱਠਣ ਦੇ ਨਿਰਦੇਸ਼ ਦਿੱਤੇ ਗਏ ਨੇ।

**BYTE-**

ਵਿਦੇਸ਼ ਸਕੱਤਰ ਨੇ ਕਿਹਾ ਕਿ ਪਾਕਿਸਤਾਨ ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪਰੇਸ਼ਨਜ਼ ਨੇ ਕੱਲ੍ਹ ਦੁਪਹਿਰ ਜੰਗਬੰਦੀ ਦੀ ਮੰਗ

ਕੀਤੀ ਸੀ, ਜਿਸ ਤੋਂ ਬਾਅਦ ਚਰਚਾ ਹੋਈ ਅਤੇ ਇਹ ਸਹਿਮਤੀ ਬਣ ਗਈ। ਵਿਦੇਸ਼ ਮੰਤਰਾਲੇ ਨੇ ਸਪੱਸ਼ਟ ਕੀਤਾ ਕਿ ਗੋਲੀਬਾਰੀ ਅਤੇ ਫੌਜੀ ਕਾਰਵਾਈ ਨੂੰ ਰੋਕਣ ਲਈ ਦੋਵਾਂ ਦੇਸ਼ਾਂ ਵਿਚਕਾਰ ਸਿਧੇ ਤੌਰ 'ਤੇ ਸਹਿਮਤੀ ਬਣੀ। ਕਿਸੇ ਹੋਰ ਮੁੱਦੇ 'ਤੇ ਅਤੇ ਕਿਸੇ ਹੋਰ ਥਾਂ 'ਤੇ, ਗੱਲਬਾਤ ਕਰਨ ਦਾ ਕੋਈ ਫੈਸਲਾ ਨਹੀਂ ਹੋਇਆ ਏ।

----------------------------------------------------------------

ਗ੍ਰਹਿ ਸਕੱਤਰ ਗੋਵਿੰਦ ਮੋਹਨ ਨੇ ਕੱਲ੍ਹ ਵੀਡੀਓ ਕਾਨਫਰੰਸ ਰਾਹੀਂ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਰਾਜਾਂ ਦੇ ਮੁੱਖ ਸਕੱਤਰਾਂ ਨਾਲ ਮੀਟਿੰਗ ਕੀਤੀ। ਸੂਤਰਾਂ ਨੇ ਦੱਸਿਆ ਕਿ ਸੂਬਿਆਂ ਨੂੰ ਚੌਕਸ ਰਹਿਣ, ਸਰਹੱਦ ਪਾਰ ਤੋਂ ਹੋਣ ਵਾਲੀ ਕਿਸੇ ਵੀ ਗੋਲੀਬਾਰੀ ਨਾਲ ਨਜਿੱਠਣ ਅਤੇ ਆਪਣੇ ਖੇਤਰਾਂ ਵਿੱਚ ਨਾਗਰਿਕ ਰੱਖਿਆ ਪ੍ਰਣਾਲੀ ਨੂੰ ਸਰਗਰਮ ਕਰਨ ਲਈ ਕਿਹਾ ਗਿਆ ਏ। ਇਹ ਮੁਲਾਕਾਤ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਦੇ ਐਲਾਨ ਤੋਂ ਬਾਅਦ ਹੋਈ।

----------------------------------------------------------------

ਪੰਜਾਬ ਨੇ, ਰਾਜਸਥਾਨ ਨੂੰ ਆਪਣੀਆਂ ਫੌਜੀ ਜ਼ਰੂਰਤਾਂ ਨੂੰ ਪੂਰਾ ਕਰਨ

ਲਈ, ਵਾਧੂ ਪਾਣੀ ਛੱਡਣ ਦਾ ਫੈਸਲਾ ਕੀਤਾ ਏ। ਇੱਕ ਬਿਆਨ ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਾਜਸਥਾਨ ਸਰਕਾਰ ਵਲੋਂ ਪੰਜਾਬ ਦੇ ਕੋਟੇ ਤੋਂ ਹੋਰ ਪਾਣੀ ਦੀ ਮੰਗ 'ਤੇ, ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਨੂੰ ਸੁਰੱਖਿਅਤ ਰੱਖਣ ਲਈ ਸਰਹੱਦ 'ਤੇ ਤਾਇਨਾਤ ਫੌਜ ਲਈ ਇਹ ਫੈਸਲਾ ਕੀਤਾ ਗਿਆ ਏ।

---------------------------------------------------------

ਸਰਹੱਦੀ ਸੂਬੇ ਪੰਜਾਬ ਵਿੱਚ, ਜਨਜੀਵਨ ਪਹਿਲਾਂ ਦੀ ਤਰਾਂ ਹੀ ਆਮ ਵਾਂਗ ਏ । ਬੀਤੀ ਰਾਤ ਅੰਮ੍ਰਿਤਸਰ, ਗੁਰਦਾਸਪੁਰ, ਫਿਰੋਜ਼ਪੁਰ, ਪਠਾਨਕੋਟ,ਤਰਨਤਾਰਨ ਅਤੇ ਫਾਜ਼ਿਲਕਾ ਦੇ ਸਰਹੱਦੀ ਜ਼ਿਲ੍ਹਿਆਂ ਤੋਂ ਹੁਣ ਤੱਕ ਕਿਸੇ ਅਣਸੁਖਾਵੀਂ ਘਟਨਾ ਦੀ ਕੋਈ ਸੂਚਨਾ ਨਹੀਂ ਏ। ਪਰ ਇਸਦੇ ਬਾਵਜੂਦ ਸਰਹੱਦੀ ਜ਼ਿਲਿਆਂ ਦੇ ਲੋਕਾਂ ਦਾ ਕਹਿਣਾ ਏ ਕਿ ਪਾਕਿਸਤਾਨ ਦੇ ਵਾਅਦਿਆਂ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ । ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਦਸਿਆ ਏ ਕਿ ਐਤਵਾਰ ਹੋਣ ਕਾਰਨ ਦੁਕਾਨਾਂ ਘੱਟ ਗਿਣਤੀ ਵਿਚ ਖੁੱਲ੍ਹੀਆਂ ਨੇ ਅਤੇ ਇਨ੍ਹਾਂ ਸਰਹੱਦੀ ਜ਼ਿਲ੍ਹਿਆਂ ਵਿੱਚ ਪੇਂਡੂ ਜੀਵਨ ਆਮ ਏ। ਹਾਲਾਂਕਿ, ਕਿਸੇ ਵੀ ਅਣਚਾਹੀ ਸਥਿਤੀ

ਨਾਲ ਨਜਿੱਠਣ ਲਈ ਦਿੱਤੇ ਗਏ ਦਿਸ਼ਾ ਨਿਰਦੇਸ਼ ਵਾਪਸ ਨਹੀਂ ਲਏ ਗਏ ਨੇ । ਇਸ ਦੌਰਾਨ, ਪਾਕਿਸਤਾਨ ਨਾਲ ਲੱਗਦੀ 553 ਕਿਲੋਮੀਟਰ ਲੰਬੀ ਪੰਜਾਬ ਸਰਹੱਦ' ਤੇ ਪਹਿਲੀ ਰੱਖਿਆ ਕਤਾਰ ਵਜੋਂ ਤਾਇਨਾਤ ਸੀਮਾ ਸੁਰੱਖਿਆ ਬਲ ਪੂਰੀ ਤਰਾਂ ਚੌਕਸ ਏ । ਇਸੇ ਤਰ੍ਹਾਂ, ਪੰਜਾਬ ਪੁਲਿਸ ਵੀ ਸੂਬੇ ਵਿੱਚ ਸੁਰੱਖਿਆ ਚਿੰਤਾਵਾਂ ਦਾ ਧਿਆਨ ਰੱਖ ਰਹੀ ਏ ।

-----------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਨਾਗਰਿਕ ਸੁਰੱਖਿਆ ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਏ ਅਤੇ ਕਿਹਾ ਕਿ ਸਖ਼ਤ ਚੌਕਸੀ ਬਣਾਈ ਰੱਖਣਾ ਸਮੇਂ ਦੀ ਲੋੜ ਏ । ਕੱਲ੍ਹ ਸ਼ਾਮ ਇੱਕ ਸਰਬ-ਪਾਰਟੀ ਮੀਟਿੰਗ ਵਿੱਚ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਲਾਪਰਵਾਹੀ ਨਹੀਂ ਵਰਤਣੀ ਚਾਹੀਦੀ ਅਤੇ ਹਰ ਚੁਣੌਤੀ ਦਾ ਦਲੇਰੀ ਨਾਲ ਸਾਹਮਣਾ ਕਰਨਾ ਚਾਹੀਦਾ ਏ । ਇਸ ਤੋਂ ਪਹਿਲਾਂ, ਸਾਰੇ ਧਰਮਾਂ ਦੇ ਨੁਮਾਇੰਦਿਆਂ ਨਾਲ ਇੱਕ ਮੀਟਿੰਗ ਵਿੱਚ, ਉਨ੍ਹਾਂ ਨੇ ਸਮਾਜ ਦੇ ਸਾਰੇ ਵਰਗਾਂ ਵਿੱਚ ਏਕਤਾ ਬਣਾਈ ਰੱਖਣ ਅਤੇ ਹਥਿਆਰਬੰਦ ਸੈਨਾਵਾਂ ਨਾਲ ਇੱਕਜੁੱਟ ਖੜ੍ਹੇ ਰਹਿਣ ਦਾ ਸੱਦਾ ਦਿੱਤਾ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਇੱਕ ਸਰਹੱਦੀ ਸੂਬਾ ਏ ਅਤੇ ਇਹ ਕਿਸੇ ਵੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਹਮੇਸ਼ਾ ਤਿਆਰ ਰਹੇਗਾ।

---------------------------------------------------------

ਪੰਜਾਬ ਦੇ ਉੱਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਾਰੀਆਂ ਸਰਕਾਰੀ ਅਤੇ ਨਿੱਜੀ ਯੂਨੀਵਰਸਿਟੀਆਂ ਅਤੇ ਕਾਲਜਾਂ ਨੂੰ, ਵਿਦਿਆਰਥੀਆਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਹਰ ਪਹਿਲੂ ਤੋਂ ਧਿਆਨ ਵਿੱਚ ਰੱਖਦੇ ਹੋਏ ਇੱਕ ਸੁਰੱਖਿਅਤ ਵਾਤਾਵਰਣ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ । ਅੱਜ ਚੰਡੀਗੜ੍ਹ 'ਚ ਜਾਰੀ ਇੱਕ ਪ੍ਰੈਸ ਬਿਆਨ ਵਿੱਚ, ਸ੍ਰੀ ਬੈਂਸ ਨੇ ਦੱਸਿਆ ਕਿ ਇਸ ਸਬੰਧ ਵਿੱਚ ਸਾਰੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਨੂੰ ਇੱਕ ਪੱਤਰ ਜਾਰੀ ਕੀਤਾ ਗਿਆ ਏ ਕਿ ਵਿਦਿਅਕ ਸੰਸਥਾਵਾਂ ਨੂੰ ਕੈਂਪਸ ਵਿੱਚ ਰਹਿਣ ਵਾਲੇ ਵਿਦਿਆਰਥੀ ਸੁਰੱਖਿਆ, ਆਵਾਜਾਈ ਜਾਂ ਨਿੱਜੀ ਕਾਰਨਾਂ ਕਰਕੇ ਕੈਂਪਸ ਨਹੀਂ ਛੱਡਣਾ ਚਾਹੁੰਦੇ, ਤਾਂ ਉਨ੍ਹਾਂ ਨੂੰ ਕੈਂਪਸ ਛੱਡਣ ਲਈ ਨਹੀਂ ਕਿਹਾ ਜਾਣਾ ਚਾਹੀਦਾ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਏ ਕਿ ਕੈਂਪਸ ਵਿੱਚ ਉਨ੍ਹਾਂ ਨੂੰ

ਭੋਜਨ, ਰਿਹਾਇਸ਼, ਦੇਖਭਾਲ ਅਤੇ ਜ਼ਰੂਰੀ ਸੇਵਾਵਾਂ ਪ੍ਰਦਾਨ ਕੀਤੀਆਂ ਜਾਣ। ਪੱਤਰ ਵਿੱਚ ਇਹ ਵੀ ਕਿਹਾ ਗਿਆ ਏ ਕਿ ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਪ੍ਰੀਖਿਆਵਾਂ ਨੂੰ ਮੁਲਤਵੀ ਕਰਨ ਅਤੇ ਇਸਦੇ ਲਈ ਬਦਲਵੇਂ ਪ੍ਰਬੰਧ ਕਰਨ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਏ। ਉਨ੍ਹਾਂ ਵਿਦਿਆਰਥੀਆਂ ਨੂੰ ਦਰਪੇਸ਼ ਕਿਸੇ ਵੀ ਤਰ੍ਹਾਂ ਦੀਆਂ ਚਿੰਤਾਵਾਂ ਜਾਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ।

---------------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ ਦੇ ਉਪ-ਪ੍ਰਧਾਨ ਰਾਜੀਵ ਸ਼ੁਕਲਾ ਨੇ ਕਿਹਾ ਏ ਕਿ ਬੋਰਡ ਅਧਿਕਾਰੀ ਅਤੇ ਆਈ.ਪੀ.ਐਲ ਗਵਰਨਿੰਗ ਕੌਂਸਲ ਅੱਜ ਟੂਰਨਾਮੈਂਟ ਨੂੰ ਪੂਰਾ ਕਰਨ ਦੇ ਸੰਭਾਵਿਤ ਪ੍ਰੋਗਰਾਮ 'ਤੇ ਚਰਚਾ ਕਰਨਗੇ। ਬੋਰਡ ਨੇ ਭਾਰਤ ਦੇ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਸ਼ੁੱਕਰਵਾਰ ਨੂੰ ਆਈ.ਪੀ.ਐਲ ਨੂੰ ਮੁਅੱਤਲ ਕਰ ਦਿੱਤਾ ਸੀ। ਮੁਕਾਬਲੇ ਵਿੱਚ 16 ਮੈਚ ਬਾਕੀ ਨੇ।

**<u>ਇਸਦੇ ਨਾਲ ਹੀ ਪ੍ਰਦੇਸ਼ਿਕ ਖ਼ਬਰਾਂ ਖ਼ਤਮ ਹੋਈਆਂ ਨਮਸਕਾਰ !</u>**